# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 24-04-2024**

ਅੱਜ ਰਾਸ਼ਟਰੀ ਪੰਚਾਇਤੀ ਰਾਜ ਪ੍ਰਣਾਲੀ ਦਿਵਸ ਮਨਾਇਆ ਜਾ ਰਿਹਾ ਏ। ਪੰਚਾਇਤੀ ਰਾਜ ਨੂੰ ਸਾਲ 1993 ਦੇ 73ਵੇਂ ਸੰਵਿਧਾਨਕ ਸੋਧ ਐਕਟ ਦੁਆਰਾ ਸੰਵਿਧਾਨਕ ਰੂਪ ਦਿੱਤਾ ਗਿਆ ਸੀ । ਇਹ ਬਿੱਲ 22 ਦਸੰਬਰ 1992 ਨੂੰ ਲੋਕ ਸਭਾ ਅਤੇ 23 ਦਸੰਬਰ 1992 ਨੂੰ ਰਾਜ ਸਭਾ ਦੁਆਰਾ ਪਾਸ ਕੀਤਾ ਗਿਆ ਸੀ। ਬਾਅਦ ਵਿੱਚ ਇਸਨੂੰ 17 ਰਾਜਾਂ ਦੀਆਂ ਵਿਧਾਨ ਸਭਾਵਾਂ ਦੁਆਰਾ ਪ੍ਰਵਾਨਗੀ ਦਿੱਤੀ ਗਈ ਅਤੇ 23 ਅਪ੍ਰੈਲ 1993 ਰਾਸ਼ਟਰਪਤੀ ਦੀ ਮਨਜ਼ੂਰੀ ਪ੍ਰਾਪਤ ਹੋਈ ਸੀ। ਇਹ ਐਕਟ 24 ਅਪ੍ਰੈਲ 1993 ਨੂੰ ਲਾਗੂ ਹੋ ਗਿਆ ਸੀ ।

---------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ, ਪੰਚਾਇਤੀ ਰਾਜ ਦਿਵਸ 'ਤੇ ਦੇਸ਼ ਵਾਸੀਆਂ ਨੂੰ ਵਧਾਈ ਦਿੱਤੀ ਏ। ਸੋਸ਼ਲ ਮੀਡੀਆ 'ਤੇ ਅੱਜ ਇੱਕ ਪੋਸਟ ਵਿੱਚ, ਉਨਾਂ ਗ੍ਰਾਮੀਣ ਭਾਰਤ ਵਿੱਚ ਬਦਲਾਅ ਲਿਆਉਣ ਅਤੇ ਲੋਕਾਂ ਦੇ ਜੀਵਨ ਪੱਧਰ ਨੂੰ ਸੁਧਾਰਨ ਲਈ, ਜ਼ਮੀਨੀ ਪੱਧਰ 'ਤੇ ਕੰਮ ਕਰਨ ਵਾਲਿਆਂ ਦੀ ਸ਼ਲਾਘਾ ਕੀਤੀ। ਉਨ੍ਹਾਂ ਕਿਹਾ ਕਿ ਸਰਕਾਰ, ਪੰਚਾਇਤੀ ਰਾਜ ਸੰਸਥਾਵਾਂ ਨੂੰ ਮਜ਼ਬੂਤ ਕਰਨ ਅਤੇ ਲੋਕਾਂ ਦੇ ਸੁਪਨਿਆਂ ਨੂੰ ਪੂਰਾ ਕਰਨ ਦਾ ਕੰਮ ਜਾਰੀ ਰੱਖੇਗੀ।

---------------------------------------------------

ਕੌਮੀ ਜਾਂਚ ਏਜੰਸੀ- NIA ਨੇ 2022 ਦੇ ਅਟਾਰੀ ਬਾਰਡਰ ਡਰੱਗ ਮਾਮਲੇ ਦੇ ਮੁੱਖ ਮੁਲਜ਼ਮ ਨੂੰ ਗ੍ਰਿਫ਼ਤਾਰ ਕਰ ਲਿਆ ਏ। ਇਕ ਅਧਿਕਾਰਤ ਬਿਆਨ 'ਚ, NIA ਨੇ ਕਿਹਾ ਕਿ ਮੁੱਖ ਦੋਸ਼ੀ ਤਹਿਸੀਨ ਉਰਫ ਮੋਟਾ ਉੱਤਰ ਪ੍ਰਦੇਸ਼ ਦੇ ਸ਼ਾਮਲੀ ਜ਼ਿਲੇ ਦਾ

ਨਿਵਾਸੀ ਏ । NIA ਨੇ ਕਿਹਾ ਕਿ ਕਸਟਮ ਅਧਿਕਾਰੀਆਂ ਨੇ ਅਪ੍ਰੈਲ 2022 ਵਿੱਚ ਅੰਮ੍ਰਿਤਸਰ ਲਾਗੇ ਅਟਾਰੀ ਵਿਖੇ ਏਕੀਕ੍ਰਿਤ ਚੈਕ ਪੋਸਟ ਤੋਂ ਕੋਈ 700 ਕਰੋੜ ਰੁਪਏ ਦੀ 103 ਕਿਲੋਗ੍ਰਾਮ ਹੈਰੋਇਨ ਜ਼ਬਤ ਕੀਤੀ ਸੀ । ਕੌਮੀ ਜਾਂਚ ਏਜੰਸੀ ਨੇ ਕਿਹਾ ਕਿ ਤਹਿਸੀਨ 'ਤੇ ਕਈ ਹੋਰ ਗੰਭੀਰ ਮਾਮਲਿਆਂ ਦੇ ਵੀ ਦੋਸ਼ ਨੇ ।

--------------------------------------------------------

ਪੰਜਾਬ ਕਾਂਗਰਸ ਪਾਰਟੀ ਦੇ ਸੂਬਾ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਨੇ ਕਿਹਾ ਏ, ਕਿ ਲੋਕ ਸਭਾ ਚੋਣਾਂ ਵਿਚ ਕਾਂਗਰਸ ਪਾਰਟੀ, ਦੇਸ਼ ਦੀ ਸਭ ਤੋਂ ਵੱਡੀ ਪਾਰਟੀ ਬਣ ਕੇ ਉਭਰੇਗੀ ਅਤੇ ਕਾਂਗਰਸ ਦਾ ਵੋਟ ਬੈਂਕ ਸਾਰੀਆਂ ਪਾਰਟੀਆਂ ਤੋਂ ਉਪਰ ਹੋਵੇਗਾ । ਹੁਸ਼ਿਆਰਪੁਰ ਲੋਕਸਭਾ ਹਲਕੇ ਤੋਂ ਕਾਂਗਰਸ ਪਾਰਟੀ ਦੀ ਉਮੀਦਵਾਰ ਯਾਮਿਨੀ ਗੋਮਰ ਦੇ ਹੱਕ ਵਿਚ ਕਾਂਗਰਸ ਦੇ ਅਹੁਦੇਦਾਰਾਂ ਨਾਲ ਹੁਸ਼ਿਆਰਪੁਰ ਵਿਖੇ ਇਕ ਮੀਟਿੰਗ ਮਗਰੋਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ, ਉਨਾਂ ਕਿਹਾ ਕਿ ਇਸ

ਸਮੇਂ ਵੱਡਾ ਮੁੱਦਾ ਭ੍ਰਿਸ਼ਟਾਚਾਰ, ਬੇਰੁਜ਼ਗਾਰੀ ਅਤੇ ਮਹਿੰਗਾਈ ਏ, ਜਿਸ ਨੂੰ ਹੱਲ ਕਰਨ ਲਈ ਕੇਂਦਰ ਵਿੱਚ ਕਾਂਗਰਸ ਪਾਰਟੀ ਦੀ ਅਗਵਾਈ ਵਾਲੀ ਸਰਕਾਰ ਬਣਾਉਣੀ ਜ਼ਰੂਰੀ ਏ । ਇਸ ਮੌਕੇ ਯਾਮਿਨੀ ਗੋਮਰ ਨੇ, ਪਾਰਟੀ ਟਿਕਟ ਦੇਣ ਲਈ ਕਾਂਗਰਸ ਹਾਈਕਮਾਨ ਦਾ ਧੰਨਵਾਦ ਕੀਤਾ ।

---------------------------------------------------------

ਪੰਜਾਬ ਪੁਲਿਸ ਨੇ ਪਾਕਿਸਤਾਨ ਆਧਾਰਤ ਅੱਤਵਾਦੀ ਮਾਡਿਊਲ ਨਾਲ ਜੁੜੇ ਇੱਕ ਮੈਂਬਰ ਦੀ ਗ੍ਰਿਫਤਾਰੀ ਨਾਲ ਸਰਹੱਦ ਪਾਰ ਕਾਰਕੁਨਾਂ ਵੱਲੋਂ ਯੋਜਨਾਬੱਧ ਸੰਭਾਵਿਤ ਟਾਰਗੇਟ ਕਿਲਿੰਗ ਨੂੰ ਨਾਕਾਮ ਕਰ ਦਿੱਤਾ ਏ । ਪੰਜਾਬ ਪੁਲਿਸ ਮੁਖੀ ਗੌਰਵ ਯਾਦਵ ਨੇ ਚੰਡੀਗੜ੍ਹ ਵਿਚ ਦੱਸਿਆ ਕਿ ਫੜੇ ਗਏ ਮੁਲਜ਼ਮ ਦੀ ਪਛਾਣ ਅੰਮ੍ਰਿਤਸਰ ਦੇ ਪਿੰਡ ਉਧੋ ਨੰਗਲ ਦੇ ਲਵਪ੍ਰੀਤ ਸਿੰਘ ਉਰਫ ਪਿਚੋ ਵਜੋਂ ਹੋਈ ਏ । ਪੁਲੀਸ ਟੀਮ ਨੇ ਉਸ ਦੇ ਕਬਜ਼ੇ ਵਿੱਚੋਂ ਇੱਕ ਮੈਗ-ਜ਼ੀਨ, ਚਾਰ ਅਣਚਲੇ ਕਾਰਤੂਸਾਂ ਅਤੇ 30 ਬੋਰ ਦਾ ਇੱਕ

ਪਿਸਤੌਲ ਵੀ ਬਰਾਮਦ ਕੀਤਾ ਏ। ਗੌਰਵ ਯਾਦਵ ਨੇ ਦੱਸਿਆ ਕਿ ਕਾਊਂਟਰ ਇੰਟੈਲੀਜੈਂਸ ਜਲੰਧਰ ਦੀਆਂ ਪੁਲਿਸ ਟੀਮਾਂ ਨੇ ਰਾਮਾ ਮੰਡੀ ਦੇ ਇਲਾਕੇ 'ਚ ਵਿਸ਼ੇਸ਼ ਨਾਕਾ ਲਗਾਕੇ ਉਸ ਨੂੰ ਗ੍ਰਿਫਤਾਰ ਕੀਤਾ । ਜਾਂਚ ਤੋਂ ਪਤਾ ਲੱਗਾ ਏ ਕਿ ਮੁਲਜ਼ਮ ਲਵਪ੍ਰੀਤ ਪਾਕਿਸਤਾਨ ਆਧਾਰਤ ਕਾਰਕੁਨਾਂ ਲਈ ਕੰਮ ਕਰ ਰਿਹਾ ਸੀ, ਜਿਨ੍ਹਾਂ ਨੇ ਸਮਾਜ ਵਿੱਚ ਡਰ ਅਤੇ ਅਸ਼ਾਂਤੀ ਪੈਦਾ ਕਰਨ ਲਈ ਜੰਮੂ-ਕਸ਼ਮੀਰ ਖੇਤਰ ਵਿੱਚ ਟਾਰਗੇਟ ਕਿਲਿੰਗ ਨੂੰ ਅੰਜਾਮ ਦੇਣ ਦਾ ਕੰਮ ਉਸ ਨੂੰ ਸੌਂਪਿਆ ਹੋਇਆ ਸੀ।

-----------------------------------------------------

ਬਠਿੰਡਾ ਦੇ ਜ਼ਿਲ੍ਹਾ ਚੋਣ ਅਫ਼ਸਰ ਜਸਪ੍ਰੀਤ ਸਿੰਘ ਦੇ ਦਿਸਾ-ਨਿਰਦੇਸ਼ਾ ਅਨੁਸਾਰ, ਵੋਟਰ ਜਾਗਰੂਕਤਾ ਮੁਹਿੰਮ ਦੇ ਮਦੇਨਜ਼ਰ ਤਹਿਤ ਬਹੁ ਤਕਨੀਕੀ ਕਾਲਜ ਸਵੀਪ ਟੀਮ ਨੇ, ਕਲ ਇਕ ਵੋਟਰ ਜਾਗਰੂਕਤਾ ਰੈਲੀ ਦਾ ਪ੍ਰਬੰਧ ਕੀਤਾ। ਇਸ ਮੌਕੇ ਸਵੀਪ ਟੀਮ ਦੇ ਸਹਿਯੋਗ ਨਾਲ, ਵੋਟ ਦੀ ਮਹੱਤਤਾ ਦੇ ਮੱਦੇਨਜ਼ਰ

ਵਿਦਿਆਰਥੀਆਂ ਨੇ ਆਮ ਲੋਕਾਂ ਨੂੰ ਆਪਣੀ ਕੀਮਤੀ ਵੋਟ ਦੀ ਵਰਤੋਂ ਕਰਨ ਲਈ ਪ੍ਰੇਰਿਤ ਵੀ ਕੀਤਾ । ਵਿਦਿਆਰਥੀਆਂ ਨੇ 18 ਸਾਲ ਦੀ ਉਮਰ ਪੂਰੀ ਕਰ ਚੁੱਕੇ ਵੋਟਰਾਂ ਨੂੰ, ਨਵੀਂ ਵੋਟ ਬਣਾਉਣ ਲਈ ਉਤਸਾਹਿਤ ਕੀਤਾ ਅਤੇ ਵੋਟ ਦੀ ਮੱਹਤਤਾ ਬਾਰੇ ਵਿਸਥਾਰ ਨਾਲ ਜਾਣਕਾਰੀ ਸਾਂਝੀ ਕੀਤੀ ਗਈ । ਸਵੀਪ ਟੀਮ ਮੈਬਰ ਤੋਂ ਇਲਾਵਾ ਬਹੁ ਤਕਨੀਕੀ ਕਾਲਜ ਦੇ ਪ੍ਰੋਫ਼ੈਸਰ ਅਤੇ ਵਿਦਿਆਰਥੀ ਵੀ ਇਸ ਮੌਕੇ ਤੇ ਮੌਜੂਦ ਰਹੇ ।ਏਧਰ ਮਹਾਰਾਜਾ ਰਣਜੀਤ ਸਿੰਘ ਪੰਜਾਬ ਟੈਕਨੀਕਲ ਯੂਨੀਵਰਸਿਟੀ ਵਿਖੇ ਵੀ, ਸਵੀਪ ਟੀਮ ਵਲੋਂ ਸਵੀਪ ਗਤੀਵਿਧੀਆਂ ਸਬੰਧੀ ਵਿਸ਼ਸ਼ੇ ਕੈਂਪ ਲਗਾਇਆ ਗਿਆ ।

---------------------------------------------------

ਫ਼ਰੀਦਕੋਟ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਲੋਕ ਸਭਾ ਚੋਣਾਂ ਵਿੱਚ 100 ਸਾਲ ਦੀ ਉਮਰ ਪਾਰ ਕਰ ਚੁੱਕੇ ਵੋਟਰਾਂ ਦੀ ਸਹੂਲਤ ਲਈ ਪੁਖਤਾ ਇੰਤਜ਼ਾਮ ਕੀਤੇ ਗਏ ਨੇ । ਦਿਵਿਆਂਗ

ਅਤੇ 80 ਸਾਲ ਤੋਂ 90 ਉਮਰ ਵਰਗ ਦੇ ਲੋਕਾਂ ਲਈ ਵੀਹਲ ਚੇਅਰ, ਮੁਢਲੀ ਸਹਾਇਤਾ ਅਤੇ ਸਟਾਫ ਵੱਲੋਂ ਨਿੱਜੀ ਤੌਰ ਤੇ ਧਿਆਨ ਦੇ ਕੇ ਸੁਖਾਲੇ ਢੰਗ ਨਾਲ ਵੋਟਾਂ ਭੁਗਤਾਉਣ ਦੇ ਇੰਤਜ਼ਾਮ ਕੀਤੇ ਗਏ ਨੇ । ਇਸ ਸਬੰਧੀ ਜਾਣਕਾਰੀ ਦਿੰਦਿਆਂ ਜਿਲਾ ਚੋਣ ਅਫਸਰ ਵਿਨੀਤ ਕੁਮਾਰ ਨੇ ਦੱਸਿਆ ਕਿ ਫਰੀਦਕੋਟ, ਕੋਟਕਪੂਰਾ ਅਤੇ ਜੈਤੋ ਹਲਕਾ ਮਿਲਾ ਕੇ 100 ਸਾਲ ਤੋਂ ਵੱਧ ਉਮਰ ਵਾਲੇ ਕੁੱਲ 173 ਵੋਟਰ ਨੇ, ਜਿਨਾਂ ਵਿੱਚੋਂ ਫਰੀਦਕੋਟ ਵਿੱਚ ਕੁੱਲ 79 , ਕੋਟਕਪੂਰਾ ਵਿੱਚ 56 ਅਤੇ ਜੈਤੋ ਵਿੱਚ ਕੁੱਲ 38 ਵੋਟਰ ਨੇ । ਇਸ ਤੋਂ ਇਲਾਵਾ 85 ਤੋਂ 90 ਉਮਰ ਵਰਗ ਵਿੱਚ ਜਿਲ੍ਹੇ ਵਿੱਚ ਕੁੱਲ 3 ਹਜ਼ਾਰ 814 ਅਤੇ 80 ਤੋਂ 84 ਉਮਰ ਵਰਗ ਵਿੱਚ ਜਿਲੇ ਵਿੱਚ ਕੁੱਲ 6 ਹਜ਼ਾਰ 751 ਵੋਟਰ ਨੇ ।

----------------------------------------------------------

ਬਰਨਾਲਾ ਦੇ ਜ਼ਿਲ੍ਹਾ ਚੋਣ ਅਫ਼ਸਰ ਪੂਨਮਦੀਪ ਕੌਰ ਦੇ ਦਿਸ਼ਾ ਨਿਰਦੇਸ਼ ਅਧੀਨ, ਸਹਾਇਕ ਰਿਟਰਨਿੰਗ ਅਫ਼ਸਰ ਵਰਿੰਦਰ

ਸਿੰਘ ਦੀ ਅਗਵਾਈ ਹੇਠ ਜ਼ਿਲੇ ‘ਚ ਵੱਖ ਵੱਖ ਥਾਵਾਂ ਉੱਤੇ ਵੋਟਰ ਜਾਗਰੂਕਤਾ ਸਮਾਗਮ ਕਰਵਾਏ ਜਾ ਰਹੇ ਨੇ, ਤਾਂ ਜੋ ਲੋਕ ਸਭਾ ਚੋਣਾਂ 2024 ‘ਚ ਵੱਧ ਤੋਂ ਵੱਧ ਲੋਕ ਪੂਰੀ ਜ਼ਿੰਮੇਵਾਰੀ ਨਾਲ ਆਪਣੇ ਮਤਦਾਨ ਦੀ ਵਰਤੋਂ ਕਰਨ । ਸਵੀਪ ਨੋਡਲ ਅਫ਼ਸਰ ਬਰਨਾਲਾ ਵਿਨਸੀ ਜਿੰਦਲ, ਅਰਚਨਾ ਤੇ ਲਵਪ੍ਰੀਤ ਸਿੰਘ ਅਤੇ ਸਵੀਪ ਟੀਮ ਨੇ ਬਲਾਕ ਬਰਨਾਲਾ ਦੇ ਸੀਨੀਅਰ ਸੈਕੰਡਰੀ ਸਕੂਲਾਂ ਦੇ ਵਿਦਿਆਰਥੀਆਂ ਦੇ ਕੁਇਜ਼ ਮੁਕਾਬਲੇ ਕਰਵਾਏ । ਕੰਨਿਆ ਸਕੂਲ ਬਰਨਾਲਾ ਵਿੱਖੇ ਆਯੋਜਤ ਮੁਕਾਬਲਿਆਂ ਵਿਚ 24 ਸਕੂਲਾਂ ਦੀਆਂ ਟੀਮਾਂ ਨੇ ਭਾਗ ਲਿਆ । ਬਰਨਾਲਾ ਏ.ਆਰ.ਓ ਸੁੱਖਵਿੰਦਰ ਸਿੰਘ ਵਿਸ਼ੇਸ਼ ਤੌਰ 'ਤੇ ਇਸ ਸਮਾਗਮ ਵਿੱਚ ਸ਼ਾਮਲ ਹੋਏ । ਮੁਕਾਬਲੇ ਵਿਚ ਚੋਣਾਂ ਨਾਲ ਸੰਬਧਿਤ ਕੋਈ 90 ਸਵਾਲ ਪੁੱਛੇ ਗਏ । ਕੰਨਿਆ ਸਕੂਲ ਬਰਨਾਲਾ ਦੀ ਟੀਮ ਨੇ ਪਹਿਲੀ ਅਤੇ ਧਨੌਲਾ ਲੜਕੇ ਤੇ ਐਮ.ਟੀ.ਐਸ ਬਰਨਾਲਾ ਨੇ ਦੂਜੀ ਥਾਂ ਹਾਸਲ ਕੀਤੀ ।